# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :17-02-2026**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ  ਕਿ ਇੰਡੀਆ ਏਆਈ ਇਮਪੈਕਟ ਐਕਸਪੋ 2026 ਵਿਚਾਰਾਂ, ਨਵੀਨਤਾ ਤੇ ਇਰਾਦੇ ਦਾ ਇੱਕ ਸ਼ਕਤੀਸ਼ਾਲੀ ਮੇਲ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ, ਕਿ ਇਹ ਐਕਸਪੋ ਵਿਸ਼ਵਵਿਆਪੀ ਭਲਾਈ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਭਾਰਤੀ ਪ੍ਰਤਿਭਾ ਦੀ ਅਸਾਧਾਰਨ ਸੰਭਾਵਨਾ ਨੂੰ ਪ੍ਰਦਰਸ਼ਿਤ ਕਰ ਰਿਹਾ ਏ। ਉਨ੍ਹਾਂ ਕਿਹਾ, ਇਹ ਮਨੁੱਖੀ ਤਰੱਕੀ ਲਈ ਏਆਈ ਨੂੰ ਜ਼ਿੰਮੇਵਾਰੀ ਨਾਲ, ਸਮਾਵੇਸ਼ੀ ਅਤੇ ਪੈਮਾਨੇ 'ਤੇ ਵਰਤਣ ਲਈ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਏ। ਪ੍ਰਧਾਨ ਮੰਤਰੀ  ਨੇ ਕੱਲ੍ਹ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਇੰਡੀਆ ਏਆਈ ਇਮਪੈਕਟ ਐਕਸਪੋ 2026 ਦਾ ਉਦਘਾਟਨ ਕੀਤਾ ਸੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਏਆਈ ਵਿੱਚ ਦੇਸ਼ ਦੀ ਤਰੱਕੀ ਨਾ

ਸਿਰਫ਼ ਦੇਸ਼ ਲਈ ਪਰਿਵਰਤਨਸ਼ੀਲ ਹੱਲਾਂ ਨੂੰ ਆਕਾਰ ਦੇਵੇਗੀ ਬਲਕਿ ਵਿਸ਼ਵਵਿਆਪੀ ਤਰੱਕੀ ਵਿੱਚ ਵੀ ਯੋਗਦਾਨ ਪਾਵੇਗੀ।

---------------------------------------------------------------------------------

ਮੋਹਾਲੀ ਚ ਅੱਜ ਧਮਕੀ ਭਰੇ ਈਮੇਲ ਮਿਲੇ ਨੇ, ਜਿਨਾਂ ਚ ਫੋਰਟਿਸ ਹਸਪਤਾਲ ਚ ਬੰਬ ਧਮਾਕਾ ਕਰਨ ਦੀ ਗੱਲ ਕਹੀ ਗਈ ਏ, ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੇਰੇ ਇਲਾਜ  ਨੇ। ਫੋਰਟਿਸ ਹਸਪਤਾਲ ਸਮੇਤ ਮੋਹਾਲੀ ਦੇ ਕੁਝ ਸਕੂਲਾਂ ਨੂੰ ਮਿਲੀ ਧਮਕੀ ਤੋਂ ਬਾਅਦ ਪੁਲਿਸ ਨੇ ਤਲਾਸ਼ੀ ਮੁਹਿੰਮ ਸ਼ਰੂ ਕਰ ਦਿੱਤੀ ਏ। ਮੋਹਾਲੀ ਦੇ ਐਸਪੀ ਦਿਲਪ੍ਰੀਤ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਇਹ ਈਮੇਲ ਅਮਰੀਕਾ ਤੇ ਬੰਗਲਾਦੇਸ਼ ਤੋਂ ਉਨ੍ਹਾਂ ਹੀ ਮੇਲ ਪਤਿਆਂ ਤੋਂ ਪ੍ਰਾਪਤ ਹੋਏ ਨੇ, ਜਿੱਥੋਂ ਪਿਛਲੇ ਹਫ਼ਤੇ ਸਕੂਲਾਂ ਨੂੰ ਧਮਕੀ ਈਮੇਲ ਭੇਜੇ ਗਏ ਸਨ। ਹਾਲਾਂਕਿ ਉਨ੍ਹਾਂ ਕਿਹਾ ਕਿ ਇਸ ਵਾਰ ਉਸ ਹਸਪਤਾਲ ਦਾ ਵੀ ਜ਼ਿਕਰ ਕੀਤਾ ਗਿਆ ਹੈ, ਜਿਸ ਵਿੱਚ ਮੁੱਖ ਮੰਤਰੀ ਦਾਖਲ ਨੇ।

Byte

ਐਸਪੀ ਦਿਲਪ੍ਰੀਤ ਸਿੰਘ ਨੇ ਇਕ ਸਵਾਲ ਦੇ ਜਵਾਬ ਵਿਚ ਇਲਾਜ ਅਧੀਨ ਮੁੱਖ ਮੰਤਰੀ ਨੂੰ ਫੋਰਟਿਸ ਹਸਪਤਾਲ ਤੋਂ ਕਿਸੇ ਹੋਰ ਜਗ੍ਹਾ ਤਬਦੀਲ ਕਰਨ ਤੋਂ ਇਨਕਾਰ ਕਰ ਕੀਤਾ। ਹਸਪਤਾਲ ਤੋਂ ਛੁੱਟੀ ਮਿਲਣ ਤੋਂ ਕੁਝ ਘੰਟੇ ਬਾਅਦ ਮੁੱਖ ਮੰਤਰੀ ਮਾਨ ਨੂੰ ਸੋਮਵਾਰ ਸ਼ਾਮ ਨੂੰ ਹਸਪਤਾਲ ਵਿੱਚ ਦੁਬਾਰਾ ਦਾਖਲ ਕਰਵਾਇਆ ਗਿਆ। ਕੱਲ੍ਹ ਮੋਗਾ ਵਿੱਚ 'ਯੁੱਧ ਨਸ਼ਿਆ ਵਿਰੋਧੀ' ਮੁਹਿੰਮ ਨੂੰ ਸੰਬੋਧਨ ਕਰਨ ਤੋਂ ਬਾਅਦ ਥਕਾਵਟ ਮਹਿਸੂਸ ਹੋਣ ਤੋਂ ਬਾਅਦ ਮਾਨ ਨੂੰ ਦੁਬਾਰਾ ਫੋਰਟਿਸ ਹਸਪਤਾਲ ਦਾਖਲ ਕਰਵਾਇਆ ਗਿਆ।

---------------------------------------------------------------------------------------

ਦੇਸ਼ ਭਰ ਵਿਚ ਲੱਖਾਂ ਵਿਦਿਆਰਥੀ ਅੱਜ ਸੀ.ਬੀ.ਐਸ.ਈ. ਦਸਵੀਂ ਤੇ ਬਾਰ੍ਹਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿਚ ਬੈਠੇ ਨੇ। ਹਾਲਾਂਕਿ ਪ੍ਰੀਖਿਆ ਕੇਂਦਰਾਂ 'ਤੇ ਮਾਹੌਲ ਤਣਾਅਪੂਰਨ ਦਿਸਿਆ, ਪਰ ਇਸ ਦੇ ਬਾਵਜੂਦ ਬਹੁਤ ਸਾਰੇ ਵਿਦਿਆਰਥੀਆਂ ਨੇ ਆਪਣੀ ਤਿਆਰੀ ਵਿੱਚ ਉਮੀਦ ਤੇ ਵਿਸ਼ਵਾਸ ਪ੍ਰਗਟ ਕੀਤਾ ਏ। ਇਸੇ ਦੌਰਾਨ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐਸਈ) ਨੇ ਸਪਸ਼ਟ ਕੀਤਾ ਏ ਕਿ ਸਾਰੇ ਵਿਦਿਆਰਥੀਆਂ ਲਈ ਦਸਵੀਂ ਬੋਰਡ

ਦੀ ਪਹਿਲੀ ਪ੍ਰੀਖਿਆ ਵਿੱਚ ਸ਼ਾਮਲ ਹੋਣਾ  ਲਾਜ਼ਮੀ ਏ ਤੇ ਜਿਹੜੇ ਵਿਦਿਆਰਥੀ ਪਹਿਲੀ ਪ੍ਰੀਖਿਆ ਵਿੱਚ ਤਿੰਨ ਜਾਂ ਵੱਧ ਵਿਸ਼ਿਆਂ ਤੋਂ ਖੁੰਝ ਜਾਂਦੇ ਨੇ , ਉਹ ਦੂਜੀ ਪ੍ਰੀਖਿਆ ਵਿੱਚ ਸ਼ਾਮਲ ਹੋਣ ਦੇ ਯੋਗ ਨਹੀਂ ਹੋਣਗੇ। ਓਧਰ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵਲੋਂ ਆਯੋਜਿਤ ਕੀਤੀਆਂ ਜਾਣ ਵਾਲੀਆਂ ਅੱਠਵੀਂ ਤੇ ਬਾਰ੍ਹਵੀਂ ਜਮਾਤਾਂ ਦੀਆਂ ਪ੍ਰੀਖਿਆਵਾਂ ਵੀ ਅੱਜ ਤੋਂ ਸ਼ੁਰੂ ਹੋ ਗਈਆਂ ਨੇ। ਹੁਸ਼ਿਆਰਪੁਰ ਤੇ ਮੋਹਾਲੀ ਸਮੇਤ ਪੰਜਾਬ ਭਰ ਵਿੱਚ ਬਣਾਏ ਗਏ ਵੱਖ ਵੱਖ ਪ੍ਰੀਖਿਆ ਕੇਂਦਰਾਂ ਤੇ ਅੱਜ ਪਹਿਲੇ ਦਿਨ ਸਵੇਰੇ ਪ੍ਰੀਖਿਆਥੀਆਂ ਵਿੱਚ ਭਾਰੀ ਉਤਸਾਹ ਵੇਖਿਆ ਗਿਆ। ਪ੍ਰੀਖਿਆਵਾਂ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਤੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਮੁੱਚੇ ਪ੍ਰਬੰਧ ਕੀਤੇ ਗਏ ਨੇ। ਸਾਡੇ ਹੁਸ਼ਿਆਰਪੁਰ ਵਾਲੇ ਪੱਤਰਕਾਰ ਨੇ ਦੱਸਿਆ ਏ ਕਿ ਅੱਠਵੀਂ ਤੇ ਬਾਰਵੀਂ ਦੀਆਂ ਪ੍ਰੀਖਿਆਵਾਂ ਅੱਜ ਤੋਂ ਸ਼ੁਰੂ ਹੋਣ ਤੋਂ ਬਾਅਦ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ 6  ਮਾਰਚ ਤੋਂ ਸ਼ੁਰੂ ਹੋਣਗੀਆਂ, ਇਹ ਸਾਰੀਆਂ ਪਰੀਖਿਆਵਾਂ ਅਪ੍ਰੈਲ ਦੇ ਪਹਿਲੇ ਹਫਤੇ ਤੱਕ ਚੱਲਣਗੀਆਂ।

---

ਪੰਜਾਬ ਡੇਅਰੀ ਵਿਕਾਸ ਵਿਭਾਗ ਵੱਲੋਂ ਚਾਰ ਹਫ਼ਤੇ ਦਾ ਡੇਅਰੀ ਉੱਦਮ ਸਿਖ਼ਲਾਈ ਕੋਰਸ 23 ਫਰਵਰੀ ਤੋਂ ਡੇਅਰੀ ਸਿਖ਼ਲਾਈ ਕੇਂਦਰ ਫਗਵਾੜਾ ਵਿਖੇ ਸ਼ੁਰੂ ਹੋਣ ਜਾ ਰਿਹਾ ਏ । ਇਸ ਬਾਰੇ ਜਲੰਧਰ ਦੇ ਡਿਪਟੀ ਡਾਇਰੈਕਟਰ ਡੇਅਰੀ ਕਸ਼ਮੀਰ ਸਿੰਘ ਨੇ ਜਾਣਕਾਰੀ ਦਿਤੀ ਏ ਕਿ ਪੇਂਡੂ ਖੇਤਰ ਨਾਲ ਸਬੰਧਤ ਚਾਹਵਾਨ ਡੇਅਰੀ ਕਿਸਾਨ ਸਿਖ਼ਲਾਈ ਵਿੱਚ ਭਾਗ ਲੈ ਸਕਦੇ ਨੇ । ਉਹਨਾਂ ਦੱਸਿਆ ਕਿ ਡੇਅਰੀ ਸਿਖ਼ਲਾਈ ਕੋਰਸ ਦੌਰਾਨ ਕਿਸਾਨਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਰਾਂ ਵਲੋਂ ਪਸ਼ੂਆਂ ਦੀ ਸਾਂਭ-ਸੰਭਾਲ, ਵੱਖ-ਵੱਖ ਬਿਮਾਰੀਆਂ, ਮਨਸੂਹੀ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖ਼ਲਾਈ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਦੇ ਸਿਖ਼ਲਾਈ ਲੈਣ ਦੇ ਚਾਹਵਾਨ 20 ਫਰਵਰੀ ਤੱਕ ਦਫ਼ਤਰ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਜਲੰਧਰ ਵਿਖੇ ਹਾਜ਼ਰ ਹੋ ਕੇ ਪ੍ਰਾਸਪੈਕਟ (ਫਾਰਮ) ਹਾਸਲ ਕਰ ਸਕਦੇ ਨੇ ।

---

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜਲੰਧਰ ਦੇ ਰੈੱਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਵਿਚ  ਵਧੀਕ ਡਿਪਟੀ ਕਮਿਸ਼ਨਰ ਵਿਵੇਕ ਕੁਮਾਰ ਮੋਦੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਹਨਾਂ ਕਿਹਾ ਕਿ ਬਜ਼ੁਰਗ ਸਾਡਾ ਕੀਮਤੀ ਸਰਮਾਇਆ ਨੇ, ਜਿਨ੍ਹਾਂ ਦੀ ਸਾਂਭ-ਸੰਭਾਲ ਕਰਨਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਬਜ਼ੁਰਗਾਂ ਨੂੰ ਮੈਡੀਕਲ ਚੈੱਕਅਪ, ਪੈਨਸ਼ਨ ਫਾਰਮ, ਮੁਫ਼ਤ ਕਾਨੂੰਨੀ ਸੇਵਾਵਾਂ, ਡਿਜੀਟਲ ਤੇ ਵਿੱਤੀ ਸਾਖ਼ਰਤਾ ਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਦੀ ਸਹੂਲਤ ਇਕੋ ਛੱਤ ਹੇਠ ਪ੍ਰਦਾਨ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ 16 ਮਾਰਚ ਤੱਕ ਵੱਖ-ਵੱਖ ਥਾਈਂ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਨ੍ਹਾਂ ਬਜ਼ੁਰਗਾਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

---------------------------------------------------------------------------

ਪੰਜਾਬ ਦੀਆਂ ਮਸ਼ਹੂਰ ਕਿਲਾ ਰਾਏਪੁਰ ਪੇਂਡੂ ਓਲੰਪਿਕ ਖੇਡਾਂ ਅੱਜ ਲੁਧਿਆਣਾ ਦੇ ਕਿਲਾ ਰਾਏਪੁਰ ਪਿੰਡ ਦੇ ਇਤਿਹਾਸਕ ਮੈਦਾਨ ਵਿੱਚ ਸ਼ੁਰੂ ਹੋ ਗਈਆਂ ਨੇ। ਇਸ ਵਾਰ ਰਵਾਇਤੀ ਪੇਂਡੂ ਖੇਡਾਂ ਦੇ ਪੁਨਰ ਸੁਰਜੀਤੀ ਨੂੰ ਦਰਸਾਉਂਦੇ ਹੋਏ ਲੰਬੇ ਸਮੇਂ ਬਾਅਦ ਪ੍ਰਸਿੱਧ ਬੈਲਗੱਡੀਆਂ ਦੀਆਂ ਦੌੜਾਂ ਵੀ ਮੁੜ ਕਾਰਵਾਈਆਂ ਜਾ ਰਹੀਆਂ ਨੇ। ਤਿੰਨ ਦਿਨਾਂ ਖੇਡ ਮੇਲੇ ਵਿੱਚ ਹਾਕੀ, ਕਬੱਡੀ, ਐਥਲੈਟਿਕਸ ਤੇ ਕਲਾਸਿਕ ਰਵਾਇਤੀ ਖੇਡਾਂ ਦੀ ਇੱਕ ਲੜੀ ਸ਼ਾਮਲ ਏ, ਜਿਸ ਵਿੱਚ ਬੈਲਗੱਡੀਆਂ ਦੀਆਂ ਦੌੜਾਂ ਤੋਂ ਇਲਾਵਾ ਮੁੰਡੇ ਤੇ ਕੁੜੀਆਂ ਦੋਵੇਂ ਹਿੱਸਾ ਲੈ ਰਹੇ ਨੇ। 19 ਫਰਵਰੀ ਨੂੰ ਮੇਲੇ ਦੇ ਆਖਰੀ ਦਿਨ ਪੁਰਸ਼ਾਂ ਲਈ 65, 75 ਤੇ 80 ਸਾਲ ਤੋਂ ਵੱਧ ਉਮਰ ਵਰਗ ਦੀਆਂ ਸ਼੍ਰੇਣੀਆਂ ਵਿੱਚ ਵਿਸ਼ੇਸ਼ 100 ਮੀਟਰ ਦੌੜਾਂ ਤੋਂ ਇਲਾਵਾ ਟਰਾਲੀ ਲੋਡਿੰਗ ਤੇ ਅਨਲੋਡਿੰਗ, ਟ੍ਰਾਈਸਾਈਕਲ ਦੌੜ ਤੇ ਹੋਰ ਅਜਿਹੇ ਪ੍ਰੋਗਰਾਮ ਵੀ ਹੋਣਗੇ, ਜੋ ਬਜ਼ੁਰਗ ਭਾਗੀਦਾਰਾਂ ਦੀ ਸ਼ਕਤੀ ਅਤੇ ਸਰੀਰਕ ਤਾਕਤ ਦਾ ਪ੍ਰਦਰਸ਼ਨ ਕਰਦੇ ਨੇ।

---------------------------------------------------------------------------